# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 13-12-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਮਹਾਕੁੰਭ 2025, ਏਕਤਾ ਅਤੇ ਸਮਾਨਤਾ ਦਾ ਮਹਾਨ ਯੱਗ ਹੋਵੇਗਾ, ਜੋ ਰਾਸ਼ਟਰ ਦਾ ਮਾਰਗ-ਦਰਸ਼ਨ ਕਰੇਗਾ।
- ਪੰਜਾਬ ਚੋਣ ਕਮਿਸ਼ਨ ਵਲੋਂ ਨਗਰ ਨਿਗਮਾਂ ਅਤੇ ਨਗਰ ਕੌਂਸਲਾਂ ਦੀਆਂ ਚੋਣਾਂ ਸਬੰਧੀ ਨਿਗਰਾਨੀ ਲਈ ਅਧਿਕਾਰੀਆਂ ਦੀ ਸੂਚੀ ਜਾਰੀ।
- ਕੈਬਨਿਟ ਮੰਤਰੀ ਡਾ.ਬਲਜੀਤ ਕੌਰ ਨੇ ਚੁਣੇ ਹੋਏ ਸਰਪੰਚਾਂ,ਪੰਚਾਂ ਅਤੇ ਮੋਹਤਬਰਾਂ ਨੂੰ ਪਿੰਡਾਂ ਵਿੱਚ ਨਸ਼ੇ ਦੀ ਰੋਕਥਾਮ ਸਬੰਧੀ ਸਖਤ ਕਦਮ ਪੁੱਟਣ ਦੀ ਕੀਤੀ ਅਪੀਲ।

- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਆਈ.ਐਸ.ਆਈ. ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਪੁਲਿਸ, ਉਹਨਾਂ ਦੇ ਨਾਪਾਕ ਇਰਾਦਿਆਂ ਨੂੰ ਕਦੇ ਵੀ ਕਾਮਯਾਬ ਨਹੀਂ ਹੋਣ ਦੇਵੇਗੀ ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਮਹਾਕੁੰਭ 2025, ਏਕਤਾ ਅਤੇ ਸਮਾਨਤਾ ਦਾ ਮਹਾਨ ਯੱਗ ਹੋਵੇਗਾ, ਜੋ ਰਾਸ਼ਟਰ ਦਾ ਮਾਰਗ-ਦਰਸ਼ਨ ਕਰੇਗਾ ਅਤੇ ਪੂਰੀ ਦੁਨੀਆ ਵਿੱਚ ਇਸ ਦੀ ਚਰਚਾ ਹੋਵੇਗੀ। ਪ੍ਰਧਾਨ ਮੰਤਰੀ ਅੱਜ ਪ੍ਰਯਾਗਰਾਜ ਦੇ ਸੰਗਮ ਇਲਾਕੇ ਵਿੱਚ ਮਹਾਕੁੰਭ-2025 ਦਾ ਰਸਮੀ ਉਦਘਾਟਨ ਕਰਨ ਤੋਂ ਬਾਅਦ, ਜਨ ਸਭਾ ਨੂੰ ਸੰਬੋਧਨ ਕਰ ਰਹੇ ਸਨ। ਮਹਾਕੁੰਭ 2025 ਅਧਿਕਾਰਤ ਤੌਰ 'ਤੇ ਅਗਲੇ ਸਾਲ 13 ਜਨਵਰੀ ਤੋਂ ਸ਼ੁਰੂ ਹੋਵੇਗਾ ਅਤੇ 26 ਫਰਵਰੀ ਤੱਕ ਜਾਰੀ ਰਹੇਗਾ । ਇਸ ਮੌਕੇ ਪ੍ਰਧਾਨ ਮੰਤਰੀ ਨੇ ਕਰੀਬ 5500 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਵੀ ਕੀਤੀ। ਪ੍ਰਧਾਨ ਮੰਤਰੀ ਨੇ ਕੁੰਭ ਸਹਾਇਕ ਚੈਟਬੋਟ ਵੀ ਜਾਰੀ ਕੀਤਾ। ਜਿਸ ਵਿੱਚ

ਮਹਾਂਕੁੰਭ ਮੇਲਾ 2025 ਦੀਆਂ ਗਤੀਵਿਧੀਆਂ ਸਬੰਧੀ ਸੰਗਤਾਂ ਨੂੰ ਮਾਰਗ-ਦਰਸ਼ਨ ਅਤੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ।

---------------------------------------------------------------

ਪੰਜਾਬ ਰਾਜ ਚੋਣ ਕਮਿਸ਼ਨ ਨੇ 21 ਦਸੰਬਰ ਨੂੰ ਕਰਵਾਈਆਂ ਜਾਣ ਵਾਲੀਆਂ ਨਗਰ ਨਿਗਮਾਂ ਅਤੇ ਨਗਰ ਕੌਂਸਲਾਂ ਦੀਆਂ ਚੋਣਾਂ ਨੂੰ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਕੀਤੇ ਜਾ ਰਹੇ ਪ੍ਰਬੰਧਾਂ ਦੀ ਨਿਗਰਾਨੀ ਵਾਸਤੇ, 22 ਆਈ.ਏ.ਐਸ. ਅਧਿਕਾਰੀਆਂ ਨੂੰ ਚੋਣ ਅਬਜ਼ਰਵਰ ਵਜੋਂ ਨਿਯੁਕਤ ਕੀਤਾ ਏ। ਪੰਜਾਬ ਰਾਜ ਚੋਣ ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ ਘਨਸ਼ਿਆਮ ਥੋਰੀ, ਨੂੰ ਨਗਰ ਨਿਗਮ, ਅੰਮ੍ਰਿਤਸਰ ਲਈ ਚੋਣ ਅਬਜ਼ਰਵਰ ਨਿਯੁਕਤ ਕੀਤਾ ਗਿਆ ਏ ਜਦਕਿ ਅਰ-ਵਿੰਦਪਾਲ ਸਿੰਘ ਸੰਧੂ ਨੂੰ ਜਲੰਧਰ ਲਈ, ਪੁਨੀਤ ਗੋਇਲ ਨੂੰ ਲੁਧਿਆਣਾ ਲਈ, ਅਨਿੰਦਿਤਾ ਮਿੱਤਰਾ ਨੂੰ ਨਗਰ ਨਿਗਮ, ਪਟਿਆਲਾ ਲਈ, ਅਤੇ ਬਬੀਤਾ ਨੂੰ ਨਗਰ ਨਿਗਮ ਫਗਵਾੜਾ ਵਾਸਤੇ ਚੋਣ ਅਬਜ਼ਰਵਰ ਨਿਯੁਕਤ ਕੀਤਾ ਗਿਆ ਏ। ਇਸੇ ਤਰਾਂ

ਬਾਕੀਆਂ ਨੂੰ ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਲਈ ਚੋਣ ਅਬਜ਼ਰਵਰ ਨਿਯੁਕਤ ਕੀਤਾ ਗਿਆ ਏ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਫਿਨਲੈਂਡ ਤੋਂ ਸਿਖਲਾਈ ਲੈ ਕੇ ਪਰਤੇ ਅਧਿਆਪਕਾਂ ਨੂੰ ਸੂਬੇ ਦੀ ਸਿੱਖਿਆ ਕ੍ਰਾਂਤੀ ਦਾ ਮੋਢੀ ਬਣਨ ਦਾ ਸੱਦਾ ਦਿੱਤਾ ਏ। ਫਿਨਲੈਂਡ ਵਿਖੇ ਸਿਖਲਾਈ ਹਾਸਲ ਕਰਨ ਤੋਂ ਪਹੁੰਚੇ ਪ੍ਰਾਇਮਰੀ ਅਧਿਆਪਕਾਂ ਨਾਲ ਅੱਜ ਚੰਡੀਗੜ੍ਹ ਵਿਖੇ ਵਿਚਾਰ-ਚਰਚਾ ਦੌਰਾਨ ਮੁੱਖ ਮੰਤਰੀ ਨੇ, ਅਧਿਆਪਕਾਂ ਨੂੰ ਵਿਦਿਆਰਥੀਆਂ ਲਈ ਰੋਲ ਮਾਡਲ ਬਣਨ ਦਾ ਸੱਦਾ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ, ਨੇਕ ਕਾਰਜ ਲਈ ਫਿਨਲੈਂਡ ਭੇਜਿਆ ਗਿਆ ਸੀ। ਉਨ੍ਹਾਂ ਕਿਹਾ ਕਿ ਨਵਾਂ ਹੁਨਰ ਹਾਸਲ ਕਰਨ ਵਾਲੇ ਇਹ ਅਧਿਆਪਕ ਹੁਣ ਸੂਬੇ ਅਤੇ ਦੇਸ਼ ਦਾ ਸਰਮਾਇਆ ਬਣਨਗੇ। ਮੁੱਖ ਮੰਤਰੀ ਨੇ ਅਧਿਆਪਕਾਂ ਨੂੰ ਸੱਦਾ ਦਿੱਤਾ ਕਿ ਉਹ, ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਬਿਹਤਰ ਤਾਲੀਮ ਦੇਣ ਤਾਂ ਕਿ ਸਾਡੇ ਬੱਚੇ ਸੂਬੇ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਸਰਗਰਮ ਭਾਈਵਾਲ ਬਣ ਸਕਣ। ਓਹਨਾ ਉਮੀਦ ਪ੍ਰਗਟਾਈ ਕਿ ਇਹ

ਅਧਿਆਪਕ, ਆਪਣੀ ਮੁਹਾਰਤ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਸਹਿਯੋਗੀਆਂ ਨਾਲ ਵੱਧ ਤੋਂ ਵੱਧ ਸਾਂਝਾ ਕਰਨਗੇ, ਜਿਸ ਨਾਲ ਸਿੱਖਿਆ ਖੇਤਰ ਨੂੰ ਵੱਡਾ ਉਤਸ਼ਾਹ ਮਿਲੇਗਾ।

------------------------------------------------------

ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਪਾਕਿਸਤਾਨ ਦੀ ਆਈ.ਐਸ.ਆਈ. ਅਤੇ ਇਸ ਦੀ ਕਾਰਕੁਨਾਂ ਨੂੰ ਚੇਤਾਵਨੀ ਦਿੱਤੀ ਏ ਕਿ ਪੰਜਾਬ ਪੁਲਿਸ, ਉਹਨਾਂ ਦੇ ਨਾਪਾਕ ਇਰਾਦਿਆਂ ਨੂੰ ਕਦੇ ਵੀ ਕਾਮਯਾਬ ਨਹੀਂ ਹੋਣ ਦੇਵੇਗੀ। ਪਾਕਿਸਤਾਨ ਦੀ ਆਈ.ਐਸ.ਆਈ ਦੇ ਇਸ਼ਾਰੇ 'ਤੇ ਬੱਬਰ ਖਾਲਸਾ ਇੰਟਰਨੈਸ਼ਨਲ ਵਲੋਂ ਹਾਲ ਹੀ ਵਿਚ ਕੀਤੀਆਂ ਤਿੰਨ ਅੱਤਵਾਦੀ ਘਟਨਾਵਾਂ ਨੂੰ ਸੁਲਝਾਉਣ ਵਿੱਚ ਇੱਕ ਵੱਡੀ ਸਫਲਤਾ ਦਾ ਐਲਾਨ ਕਰਦਿਆਂ, ਪੁਲਿਸ ਮੁਖੀ ਨੇ ਕਿਹਾ ਕਿ ਸੂਬਾ ਪੁਲਿਸ, ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ ਲਈ ਵਚਨਬੱਧ ਏ।

**BYTE:**

ਇਸ ਤੋਂ ਪਹਿਲਾਂ ਦਿਨ ਵੇਲੇ ਪੰਜਾਬ ਪੁਲਿਸ ਨੇ ਬੱਬਰ ਖਾਲਸਾ ਇੰਟਰਨੈਸ਼ਨਲ ਵੱਲੋਂ ਚਲਾਏ ਜਾ ਰਹੇ ਇੱਕ ਅੱਤਵਾਦੀ ਮੋਡਿਊਲ ਦਾ

ਪਰਦਾਫਾਸ਼ ਕੀਤਾ ਅਤੇ ਅੰਮ੍ਰਿਤਸਰ ਸਥਿਤ ਇੱਕ ਨਾਬਾਲਗ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ। ਉਹ, ਇਸ ਸਾਲ 23 ਨਵੰਬਰ ਨੂੰ ਅਜਨਾਲਾ ਪੁਲਿਸ ਸਟੇਸ਼ਨ ਵਿਖੇ ਧਮਾਕਾ ਖੇਜ ਸਮਗਰੀ ਲਗਾਉਣ ਅਤੇ ਹੋਰ ਹਮਲੇ ਕਰਨ ਵਿੱਚ ਸ਼ਾਮਲ ਸਨ। ਪੁਲਿਸ ਨੇ ਇਨ੍ਹਾਂ ਦੇ ਕਬਜ਼ੇ 'ਚੋਂ 2 ਹੈਂਡ ਗ੍ਰਨੇਡ ਅਤੇ ਇਕ ਪਿਸਤੌਲ ਸਮੇਤ ਗੋਲੀਸਿੱਕਾ ਬਰਾਮਦ ਕੀਤਾ ਏ।

---------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਡਾ.ਬਲਜੀਤ ਕੌਰ ਨੇ ਕਿਹਾ ਕਿ ਨਸ਼ੇ ਵੇਚਣ ਵਾਲਿਆਂ ਅਤੇ ਨਸ਼ੇ ਵੇਚਣ ਵਾਲਿਆਂ ਦਾ ਸਾਥ ਦੇਣ ਵਾਲਿਆ ਖਿਲਾਫ, ਪੰਜਾਬ ਸਰਕਾਰ ਵਲੋਂ ਸਖਤ ਕਾਰਵਾਈ ਕੀਤੀ ਜਾਵੇਗੀ। ਅੱਜ ਜ਼ਿਲਾ ਸ੍ਰੀ ਮੁਕਤਸਰ ਸਾਹਿਬ ਦੇ ਮਲੋਟ ਵਿਖੇ ਚੁਣੇ ਹੋਏ ਸਰਪੰਚਾਂ-ਪੰਚਾਂ ਅਤੇ ਮੋਹਤਵਰਾਂ ਨੂੰ ਪਿੰਡਾਂ ਵਿੱਚ ਨਸ਼ੇ ਦੀ ਰੋਕਥਾਮ ਸਬੰਧੀ ਸਖਤ ਕਦਮ ਪੁੱਟਣ ਦੀ ਅਪੀਲ ਕਰਦਿਆਂ ਇਹ ਗੱਲ ਕਹੀ। ਉਹਨਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਬਹੁਤ ਜਰੂਰੀ ਏ, ਇਸ ਲਈ ਸਾਰਿਆਂ ਦਾ ਅਹਿਮ ਫਰਜ਼ ਏ, ਨਸ਼ਿਆਂ ਦੀ ਬੁਰਾਈ ਨੂੰ ਖਤਮ ਕਰਨ ਲਈ ਸਰਕਾਰ ਦਾ ਸਾਥ ਦਿੱਤਾ ਜਾਵੇ। ਉਹਨਾਂ ਪਿੰਡਾਂ ਦੇ ਮੋਹਤਬਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ

ਕੋਈ ਵਿਅਕਤੀ ਕਿਸੇ ਵੀ ਪ੍ਰਕਾਰ ਦਾ ਕੋਈ ਨਸ਼ਾ ਵੇਚਦਾ ਏ , ਤਾਂ ਇਸ ਦੀ ਸੂਚਨਾ ਪੁਲਿਸ ਪ੍ਰਸ਼ਾਸਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਜਰੂਰ ਦਿੱਤੀ ਜਾਵੇ ,ਤਾਂ ਜੋ ਇਸ ਬੁਰਾਈ ਨੂੰ ਖਤਮ ਕੀਤਾ ਜਾ ਸਕੇ। ਉਹਨਾਂ ਕਿਹਾ ਕਿ ਨਸ਼ੇ ਵੇਚਣ ਵਾਲਿਆਂ ਦਾ ਸਾਥ ਬਿਲਕੁਲ ਨਾ ਦਿੱਤਾ ਜਾਵੇ ਅਤੇ ਸਮਾਜ ਵਿਚ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਈ ਜਾਵੇ। ਉਹਨਾਂ ਕਿਹਾ ਕਿ ਸਰਕਾਰ, ਸਰਕਾਰੀ ਹਸਪਤਾਲਾਂ ਵਿੱਚ ਨਸ਼ਿਆਂ ਛੁਡਵਾਉਣ ਲਈ ਹਰ ਸੰਭਵ ਯਤਨ ਕਰ ਰਹੀ ਏ ਅਤੇ ਇਲਾਜ ਵੀ ਮੁਫਤ ਕੀਤਾ ਜਾ ਰਿਹਾ ਏ । ਡਾ. ਬਲਜੀਤ ਕੌਰ ਨੇ ਪੁਲਿਸ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਨਸ਼ਿਆਂ ਦੀ ਰੋਕਥਾਮ ਲਈ ਸਖਤ ਕਦਮ ਚੁੱਕੇ ਜਾਣ ਤਾਂ ਜੋ ਨੌਜਵਾਨ ਪੀੜ੍ਹੀ ਨਸ਼ੇ ਤੋਂ ਬਚ ਸਕੇ।

------------------------------------------------------------

ਪੰਜਾਬ ਵਿੱਚ, ਮੁਲਾਜ਼ਮਾਂ ਦੇ ਪ੍ਰੋਵੀਡੈਂਟ ਫੰਡ ਬਾਰੇ ਸੰਸਥਾ ਦੇ ਦਫਤਰ ਨੇ ਸਨਅਤਾਂ ਅਤੇ ਕਾਰਪੋਰੇਟਾਂ ਵਿੱਚ ਪ੍ਰਧਾਨ ਮੰਤਰੀ ਦੀ ਰੋਜ਼ਗਾਰ ਨਾਲ ਜੁੜੇ ਲਾਭ (ELI) ਦੀਆਂ ਤਿੰਨ ਯੋਜਨਾਵਾਂ ਬਾਰੇ ਜਾਗਰੂਕਤਾ ਪੈਦਾ ਕਰਨੀ ਸ਼ੁਰੂ ਕਰ ਦਿੱਤੀ ਏ, ਜੋ ਪਹਿਲੀ ਵਾਰ ਕੰਮ ਕਰਨ ਵਾਲੇ ਮੁਲਾਜ਼ਮਾਂ ਦੀ ਮਾਨਤਾ, ਅਤੇ ਮੁਲਾਜ਼ਮਾਂ ਅਤੇ ਮਾਲਕਾਂ ਨੂੰ ਸਹਾਇਤਾ 'ਤੇ ਕੇਂਦ੍ਰਿਤ ਨੇ। ਇਹ ਯੋਜਨਾਵਾਂ ਪ੍ਰਧਾਨ ਮੰਤਰੀ ਦੇ ਪੈਕੇਜ ਦਾ ਹਿੱਸਾ ਨੇ

ਅਤੇ ਕੇਂਦਰੀ ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਵੱਲੋਂ ਕੇਂਦਰੀ ਬਜਟ 2024-25 ਪੇਸ਼ ਕਰਦੇ ਸਮੇਂ ਐਲਾਨ ਕੀਤਾ ਗਿਆ ਸੀ। ਇਹ EPFO ਵਿੱਚ ਰਜਿਸਟਰੇਸ਼ਨ'ਤੇ ਅਧਾਰਤ ਹੋਣਗੇ। ਜਲੰਧਰ ਵਿੱਚ ਮੁਲਾਜ਼ਮਾਂ ਦੇ ਪ੍ਰੋਵੀਡੈਂਟ ਬਾਰੇ ਫੰਡ ਦੇ ਸੰਗਠਨ ਦੇ ਖੇਤਰੀ ਕਮਿਸ਼ਨਰ ਪੰਕਜ ਕੁਮਾਰ ਨੇ ਆਕਾਸ਼ਵਾਣੀ ਨੂੰ ਦੱਸਿਆ ਏ ਕਿ ਇਸ ਦੀ ਹਮਾਇਤ ਵਿਚ, EPFO ਨੇ ਇੱਕਸਾਰ ਖਾਤਾ ਨੰਬਰ UAN (ਯੂਨੀਵਰਸਲ ਖਾਤਾ ਨੰਬਰ) ਐਕਟੀਵੇਸ਼ਨ ਅਤੇ ਬੈਂਕ ਖਾਤੇ ਦੇ KYC ਸੀਡਿੰਗ ਨੂੰ ਉਤਸ਼ਾਹਿਤ ਕਰਨ ਲਈ, ਇੱਕ ਮੁਹਿੰਮ ਸ਼ੁਰੂ ਕੀਤੀ ਏ, ਜੋ ਕਿ ਇਹਨਾਂ ਤਿੰਨਾਂ ਯੋਜਨਾਵਾਂ ਲਈ ਪਹਿਲੀ ਲੋੜ ਏ।

------------------------------------------------------------

ਪਹਾੜਾਂ ’ਤੇ ਹੋ ਰਹੀ ਬਰਫਬਾਰੀ ਦਾ ਅਸਰ ਪੰਜਾਬ ਤੇ ਚੰਡੀਗੜ੍ਹ ਵਿੱਚ ਵੇਖਣ ਨੂੰ ਮਿਲ ਰਿਹਾ ਏ । ਪਹਾੜਾਂ ਤੋਂ ਮੈਦਾਨੀ ਇਲਾਕਿਆਂ ਵੱਲ 11 ਕਿਲੋ-ਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਹਵਾਵਾਂ ਵਗ ਰਹੀਆਂ ਨੇ । ਇਸੇ ਕਾਰਨ ਪਿਛਲੇ ਕੁਝ ਦਿਨਾਂ ਤੋਂ ਤਾਪਮਾਨ ਵਿੱਚ ਲਗਾਤਾਰ ਗਿਰਾਵਟ ਦਰਜ ਕੀਤੀ ਜਾ ਰਹੀ ਏ ਅਤੇ ਠੰਢ ਵਿਚ ਵੀ ਵਾਧਾ ਹੋ ਰਿਹਾ ਏ। ਪੰਜਾਬ ਵਿੱਚ ਘੱਟੋ-ਘੱਟ ਤਾਪਮਾਨ 2 ਤੋਂ 8 ਡਿਗਰੀ

ਦੇ ਵਿਚਕਾਰ ਬਣਿਆ ਹੋਇਆ ਏ , ਜੋ ਆਮ ਨਾਲੋਂ ਲਗਭਗ 2 ਡਿਗਰੀ ਘੱਟ ਏ । ਮੌਸਮ ਵਿਭਾਗ ਨੇ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਹੋਸ਼ਿਆਰਪੁਰ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਫਿਰੋਜ਼ਪੁਰ, ਸਮੇਤ 19 ਜ਼ਿਲਿਆਂ ਵਿਚ 15 ਦਸੰਬਰ ਤੱਕ ਸ਼ੀਤ ਲਹਿਰ ਬਾਰੇ ਯੈਲੋ ਅਲਰਟ ਜਾਰੀ ਕੀਤਾ ਏ ।ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰਪਾਲ ਨੇ ਦਸਿਆ ।

---

## **ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਮਹਾਕੁੰਭ 2025, ਏਕਤਾ ਅਤੇ ਸਮਾਨਤਾ ਦਾ ਮਹਾਨ ਯੱਗ ਹੋਵੇਗਾ, ਜੋ ਰਾਸ਼ਟਰ ਦਾ ਮਾਰਗ-ਦਰਸ਼ਨ ਕਰੇਗਾ ।
- ਪੰਜਾਬ ਚੋਣ ਕਮਿਸ਼ਨ ਵਲੋਂ ਨਗਰ ਨਿਗਮਾਂ ਅਤੇ ਨਗਰ ਕੌਂਸਲਾਂ ਦੀਆਂ ਚੋਣਾਂ ਸਬੰਧੀ ਨਿਗਰਾਨੀ ਲਈ ਅਧਿਕਾਰੀਆਂ ਦੀ ਸੂਚੀ ਜਾਰੀ ।

- ਕੈਬਨਿਟ ਮੰਤਰੀ ਡਾ.ਬਲਜੀਤ ਕੌਰ ਨੇ ਚੁਣੇ ਹੋਏ ਸਰਪੰਚਾਂ,ਪੰਚਾਂ ਅਤੇ ਮੋਹਤਬਰਾਂ ਨੂੰ ਪਿੰਡਾਂ ਵਿੱਚ ਨਸ਼ੇ ਦੀ ਰੋਕਥਾਮ ਸਬੰਧੀ ਸਖਤ ਕਦਮ ਪੁੱਟਣ ਦੀ ਕੀਤੀ ਅਪੀਲ।
- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਆਈ.ਐਸ.ਆਈ. ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਪੁਲਿਸ, ਉਹਨਾਂ ਦੇ ਨਾਪਾਕ ਇਰਾਦਿਆਂ ਨੂੰ ਕਦੇ ਵੀ ਕਾਮਯਾਬ ਨਹੀਂ ਹੋਣ ਦੇਵੇਗੀ।